# Building Safety Certificate

Subject: Building Safety Certificate for National Public School, Senior Secondary Morinda Road, Kurali, Distt SAS Nagar.

National Public School, Senior Secondary Morinda Road, Kurali, Distt SAS Nagar ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Ar. Jaskaran Singh, Building Planne,Valuer, Estimator Reg. NO. PBPBCOA0000011253, M.C. Reg. No. MCM-23 ਵਲੋ ਮਿਤੀ: 24.04.2025 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2026 ਤੱਕ ਹੇਠ ਲਿਖੀਆਂ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ:-

1) ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
2) ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3) ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟਿਫਿਕੇਟ ਪੰਜਬ ਫਾਇਰ ਸਰਵਸਿਸ, ਖਰੜ ਵੱਲੋ ਉਨ੍ਹਾਂ ਦੇ ਨੰ: PB-FN-2023-08-14-058235 ਮਿਤੀ: 16.08.2024 ਰਾਹੀਂ ਇਕ ਸਾਲ ਲਈ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਸਰਟਿਫਿਕੇਟ ਦੀ ਮਿਆਦ ਪੂਰੀ ਹੋਣ ਉਪਰੰਤ ਸੱਕੂਲ ਅਥਾਰਟੀ ਫਾਇਰ ਸੇਫਟੀ ਸਰਟੀਫਿਕੇਟ ਵਿੱਤੀ ਸਾਲ 2025-26 ਲਈ ਅਪਲਾਈ ਕਰੇਗੀ ਅਤੇ ਸਰਟੀਫਿਕੇਟ ਜਾਰੀ ਹੋਣ ਉਪਰੰਤ ਇਸ ਦਫਤਰ ਵਿੱਖੇ ਜਮ੍ਹਾਂ ਕਰਵਾਉਣ ਲਈ ਪਾਬੰਧ ਹੋਵੇਗੀ ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4) ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ-ਇੰਸਪੈਕਸ਼ਨ ਕਰਾਵੁਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੇਕਾਰ ਦੀ ਹੋਵੇਗੀ।
5) ਜੇਕਰ ਸਕੂਲ ਵੱਲੋ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6) ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ/ ਸਰਕਾਰ ਵੱਲੋ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸਸੰਥਾ ਮਨਣ ਦੀ ਪਾਬੰਦ ਹੋਵੇਗੀ।
7) ਜੇਕਰ ਬਿਲਡਿੰਗ ਉੱਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8) ਇਹ ਸਰਟੀਫਿਕੇਟ ਕੇਵਲ visual inspection ਦੇ ਅਧਾਰ ਤੇ ਕੇਵਲ structural safety ਪੱਖੋ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
9) ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ ਭ ਤੇ ਮ ਸ਼ਾਖਾ,
ਖਰੜ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ:ਨਿ:ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।